# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 13-07-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉੱਘੇ ਵਕੀਲ Ujjwal Deorao Nikam, ਸਮਾਜ ਸੇਵਕ, C Sadanandan Master, ਸਾਬਕਾ ਵਿਦੇਸ਼ ਸਕੱਤਰ-ਹਰਸ਼ ਵਰਧਨ ਸ਼੍ਰਿੰਗਲਾ ਅਤੇ ਇਤਿਹਾਸਕਾਰ ਤੇ ਅਕਾਦਮਿਸ਼ੀਅਨ ਡਾ. ਮੀਨਾਕਸ਼ੀ ਜੈਨ ਨੂੰ ਰਾਜ ਸਭਾ ਲਈ ਨਾਮਜ਼ਦ ਕੀਤਾ ਏ । ਇਕ ਨੋਟੀਫਿਕੇਸ਼ਨ ਵਿਚ ਗ੍ਰਹਿ ਮੰਤਰਾਲੇ ਨੇ ਇਸ ਫੈਸਲੇ ਬਾਰੇ ਜਾਣਕਾਰੀ ਦਿੱਤੀ। ਮਹਾਰਾਸ਼ਟਰ ਦੇ ਰਹਿਣ ਵਾਲੇ ਸ੍ਰੀ ਨਿਕਮ ਨੇ ਮੁੰਬਈ ਦਹਿਸ਼ਤਗਰਦੀ ਹਮਲੇ ਦੇ ਮਾਮਲੇ ਵਿਚ ਸਰਕਾਰੀ ਵਕੀਲ ਵਜੋਂ ਸੇਵਾ ਨਿਭਾਈ ਏ। ਕੇਰਲ ਦੇ ਸੀ. ਸਦਾਨੰਦਨ ਮਾਸਟਰ ਦਾ ਸਿੱਖਿਆ ਖੇਤਰ ਵਿਚ ਲੰਮਾ ਕਰੀਅਰ ਏ । ਉਹ ਸਿਆਸੀ ਹਿੰਸਾ ਦਾ ਸ਼ਿਕਾਰ ਰਹੇ ਨੇ ਅਤੇ ਆਪਣੀਆਂ ਦੋਵੇਂ ਲੱਤਾਂ ਗੁਆ ਚੁੱਕੇ ਨੇ। ਸ਼੍ਰੀ ਸ਼੍ਰਿੰਗਲਾ ਨੇ ਅਮਰੀਕਾ, ਬੰਗਲਾਦੇਸ਼ ਤੇ ਥਾਈਲੈਂਡ ਵਿਚ ਰਾਜਦੂਤ ਵਜੋਂ ਵੀ ਸੇਵਾ ਨਿਭਾਈ ਏ । ਉਨ੍ਹਾਂ ਨੇ 2023 ਵਿਚ ਭਾਰਤ ਦੀ ਜੀ-20 ਪ੍ਰਧਾਨਗੀ ਲਈ ਮੁੱਖ ਕੋਆਰਡੀਨੇਟਰ ਵਜੋਂ ਸੇਵਾ ਨਿਭਾਈ ਸੀ। ਸ਼੍ਰੀਮਤੀ ਜੈਨ ਨੇ ਦਿੱਲੀ

ਯੂਨੀਵਰਸਿਟੀ ਦੇ ਗਾਰਗੀ ਕਾਲਜ ਵਿਚ ਇਤਿਹਾਸ ਦੇ ਐਸੋਸੀਏਟ ਪ੍ਰੋਫੈਸਰ ਵਜੋਂ ਸੇਵਾ ਨਿਭਾਈ ਏ ।

----------------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਪੰਚਾਇਤੀ ਚੋਣਾਂ ਲਈ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨੋਟੀਫਿਕੇਸ਼ਨ ਮੁਤਾਬਿਕ ਇਹ ਚੋਣਾਂ, 15 ਅਕਤੂਬਰ 2024 ਨੂੰ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਤੋਂ ਬਾਅਦ ਖਾਲੀ ਹੋਈਆਂ, ਸਰਪੰਚਾਂ ਤੇ ਪੰਚਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਕਰਵਾਈਆਂ ਜਾਣਗੀਆਂ। ਕਾਰਵਾਈ ਲਈ  ਨਾਮਜ਼ਦਗੀ ਪੱਤਰ ਭਰਨ ਦੀ ਸ਼ੁਰੂਆਤ ਸੋਮਵਾਰ, 14 ਜੁਲਾਈ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਕੀਤੀ ਜਾਵੇਗੀ ਤੇ  ਨਾਮਜ਼ਦਗੀਆਂ, 17 ਜੁਲਾਈ ਤਕ ਭਰੀਆਂ ਜਾ ਸਕਦੀਆਂ ਨੇ। ਕਾਗਜਾਂ ਦੀ ਜਾਂਚ 18 ਜੁਲਾਈ ਨੂੰ ਕੀਤੀ ਜਾਵੇਗੀ, ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ 19 ਜੁਲਾਈ ਏ । ਵੋਟਾਂ, 27 ਜੁਲਾਈ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ. ਚੋਣ ਪ੍ਰਕਿਰਿਆ ਪੂਰੀ ਹੋਣ ਦੀ ਤਰੀਕ 28 ਜੁਲਾਈ ਏ। ਸੋਧੀਆਂ ਹੋਈਆਂ ਵੋਟਰ ਸੂਚੀਆਂ ਦਾ ਅੰਤਿਮ ਪ੍ਰਕਾਸ਼ਨ 23 ਮਈ ਨੂੰ ਸਬੰਧਤ ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਕੀਤਾ ਸੀ। ਵੋਟਾਂ ਪੈਣ ਤੋਂ ਬਾਅਦ ਇਨ੍ਹਾਂ ਦੀ ਗਿਣਤੀ, ਉਸੇ ਦਿਨ ਪੋਲਿੰਗ ਸਟੇਸ਼ਨ 'ਤੇ ਕੀਤੀ ਜਾਵੇਗੀ। ਸਰਪੰਚ ਦੇ ਅਹੁਦੇ

ਲਈ ਚੋਣ ਲੜ ਰਹੇ ਉਮੀਦਵਾਰ ਲਈ ਸੂਚਿਤ ਖਰਚਾ-ਹੱਦ 40 ਹਜ਼ਾਰ ਰੁਪਏ ਜਦਕਿ ਪੰਚ ਲਈ ਖਰਚੇ ਦੀ ਹੱਦ 30 ਹਜ਼ਾਰ ਰੁਪਏ ਤੈਅ ਕੀਤੀ ਗਈ ਏ । ਕਮਿਸ਼ਨ ਨੇ ਇਨ੍ਹਾਂ ਚੋਣਾਂ ਨੂੰ ਸੁਚਾਰੂ ਤੇ ਅਮਨ-ਅਮਾਨ ਨਾਲ ਕਰਵਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਨੇ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕ੍ਰਿਕਟ ਲੀਗ ਸ਼ੁਰੂ ਕਰਨ ਦੀ ਜ਼ੋਰਦਾਰ ਵਕਾਲਤ ਕੀਤੀ ਏ। ਬੀਤੇ ਕੱਲ ਨਵੀਂ ਬਣੀ ਪੰਜਾਬ ਕ੍ਰਿਕੇਟਰ ਐਸੋਸੀਏਸ਼ਨ (ਪੀਸੀਏ) ਨਾਲ ਮੁਲਾਕਾਤ ਦੌਰਾਨ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੀਗ ਨੂੰ ਪਿੰਡ, ਬਲਾਕ, ਜ਼ਿਲ੍ਹਾ ਤੇ ਪੰਜਾਬ ਪੱਧਰ ‘ਤੇ ਮੈਚ ਕਰਵਾਉਣੇ ਚਾਹੀਦੇ ਨੇ ਤਾਂ ਜੋ ਕ੍ਰਿਕਟ ਦੇ ਹੁਨਰ ਦੀ ਪਛਾਣ ਕਰ ਕੇ ਕ੍ਰਿਕਟ ਦੇ ਖਿਡਾਰੀਆਂ ਨੂੰ ਵੱਡੇ ਟੂਰਨਾਮੈਂਟਾਂ ਲਈ ਤਿਆਰ ਜਾ ਸਕੇ। ਉਨ੍ਹਾਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ, ਜੋ ਕਿ ਸੂਬਾ ਸਰਕਾਰ ਵੱਲੋਂ ਹਰ ਸਾਲ ਉੱਭਰਦੇ ਖਿਡਾਰੀਆਂ ਨੂੰ ਪ੍ਰਤਿਭਾ ਦਿਖਾਉਣ ਲਈ ਢੁਕਵਾਂ ਮੰਚ ਪ੍ਰਦਾਨ ਕਰਦੀਆਂ ਨੇ, ਦੀ ਤਰਜ਼ ‘ਤੇ ਇਸ ਟੂਰਨਾਮੈਂਟ ਨੂੰ ਉਲੀਕਿਆ ਜਾਣਾ ਚਾਹੀਦਾ ਏ। ਉਨ੍ਹਾਂ ਐਲਾਨ ਕੀਤਾ ਕਿ ਸੂਬਾ ਸਰਕਾਰ ਮੁੱਲਾਂਪੁਰ ਵਿਚ ਮੌਜੂਦਾ ਸਟੇਡੀਅਮ ਤੋਂ ਇਲਾਵਾ ਜਲੰਧਰ

ਤੇ ਅੰਮ੍ਰਿਤਸਰ ਵਿਚ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਬਣਾਏਗੀ--

--------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮੋਹਾਲੀ ਵਿਚ ਲੋਕ ਨਿਰਮਾਣ ਵਿਭਾਗ ਦੇ ਕਾਰਜਾਂ ਦੀ ਸਮੀਖਿਆ ਕੀਤੀ ਏ। ਅਹਿਮ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਕਿ ਲਿੰਕ ਸੜਕਾਂ ਦੀ ਮੁਰੰਮਤ ਤਹਿਤ 378 ਸੜਕਾਂ (ਰੋਡ ਗਰੁੱਪ) ਦੇ ਨਿਰਧਾਰਤ ਹਿੱਸੇ ਲਈ ਟੈਂਡਰ ਪ੍ਰਕਿਰਿਆ ਜਾਰੀ ਏ। ਇਸ ਦੌਰਾਨ ਕੈਬਨਿਟ ਮੰਤਰੀ ਈ.ਟੀ.ਓ. ਨੇ ਅਧਿਕਾਰੀਆਂ ਨੂੰ ਟੈਂਡਰ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿਚ ਅਧਿਕਾਰੀਆਂ ਨੇ ਮੰਤਰੀ ਨੂੰ ਜਾਣਕਾਰੀ ਦਿੱਤੀ ਕਿ ਨਾਬਾਰਡ ਤਹਿਤ ਕੰਮ ਜਾਰੀ ਨੇ ਅਤੇ ਜੁਲਾਈ ਦੇ ਅਖ਼ੀਰ ਤੱਕ ਵੱਖਰੇ ਟੈਂਡਰ ਅਲਾਟ ਕਰ ਦਿੱਤੇ ਜਾਣਗੇ। ਕੁੱਲ 581 ਕਿਲੋਮੀਟਰ ਵਿੱਚੋਂ 286 ਕਿਲੋਮੀਟਰ ਲਿੰਕ ਸੜਕਾਂ ਲਈ ਬੋਲੀ ਖੋਲ੍ਹ ਦਿੱਤੀ ਗਈ ਏ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਈ.ਟੀ.ਓ. ਨੇ ਸੁਲਤਾਨਪੁਰ ਲੋਧੀ ਤੋਂ ਕਪੂਰਥਲਾ ਐਮ.ਡੀ.ਆਰ. ਹਿੱਸੇ ਤੱਕ ਸੜਕ ਖਿਸਕਣ ਦੇ ਮਾਮਲੇ ਵਿਚ ਪੀ.ਡਬਲਯੂ.ਡੀ. ਦੇ ਵਿਸ਼ੇਸ਼ ਸਕੱਤਰ ਨੂੰ ਢੁਕਵੇਂ ਤਰੀਕਿਆਂ ਬਾਰੇ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ।

--------------------------------------------------------------------------

ਪੰਜਾਬ ਦੇ ਤਕਨੀਕੀ ਸਿੱਖਿਆ ਤੇ ਸਨਅਤੀ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ ਅਕਾਦਮਿਕ ਸੈਸ਼ਨ ਤੋਂ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਨੂੰ ਉੱਦਮਤਾ ’ਤੇ ਕੇਂਦਰਤ ਕੋਰਸ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਨੇ। ਬੈਂਸ ਨੇ ਇਸ ਯੂਨੀਵਰਸਿਟੀ ਦੇ ਬੋਰਡ ਆਫ਼ ਗਵਰਨਰਜ਼ ਦੀ ਦੂਜੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਾਖਲਿਆਂ ਵਿਚ ਹੋਰ ਵਾਧਾ ਕਰਨ ਦੇ ਨਿਰਦੇਸ਼ ਦਿੱਤੇ। ਇਸ ਗੱਲ ’ਤੇ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੀ ਲੋੜ ਮੁਤਾਬਕ ਅਕਾਦਮਿਕ ਸਿਲੇਬਸ ਵਿਚ ਆਰਟੀਫੀਸ਼ੀਅਲ ਇੰਟੈਲੀਜੈਂਸ, ਡੇਟਾ ਸਾਇੰਸ ਅਤੇ ਫਿਨਟੈਕ ਵਰਗੇ ਤਕਨੀਕੀ ਪ੍ਰੋਗਰਾਮਾਂ ਨੂੰ ਸ਼ਾਮਲ ਕੀਤਾ ਜਾਵੇ।

---------------------------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਅੱਜ ਤੇ ਭਲਕੇ ਵੱਖ-ਵੱਖ ਥਾਵਾਂ ਉੱਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਪ੍ਰਗਟਾਈ ਏ। ਪੰਜਾਬ ਵਿਚ ਇਸ ਦੌਰਾਨ ਵੱਖ-ਵੱਖ ਥਾਵਾਂ ਉੱਤੇ ਗਰਜ ਨਾਲ ਤੂਫ਼ਾਨ ਆਉਣ ਤੇ ਬਿਜਲੀ ਚਮਕਣ ਦੇ ਵੀ ਆਸਾਰ ਨੇ।